ਆਕਾਸ਼ਵਾਣੀ ਜਲੰਧਰ

ਰਾਸ਼ਟਰੀ ਖਬਰਾਂ ਪੰਜਾਬੀ

13:40

ਮਿਤੀ: 13-11-2026

ਪਹਿਲਾਂ ਬੁਲੇਟਿਨ ਦੀਆਂ ਖ਼ਾਸ ਖ਼ਬਰਾਂ:

- ਰਾਸ਼ਟਰਪਤੀ ਦ੍ਰੌਪਦੀ ਮੁਰਮੂ ਨੇ ਅੱਜ ਰਾਸ਼ਟਰਪਤੀ ਭਵਨ ਵਿਖੇ ਇੱਕ ਸਮਾਰੋਹ 'ਚ ਰਾਸ਼ਟਰੀ ਖੇਡ ਪੁਰਸਕਾਰ 2025 ਪ੍ਰਦਾਨ ਕੀਤੇ।
- ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅੱਜ ਬੰਗਲੁਰੂ ਵਿੱਚ ਸਵਾਮੀ ਵਿਵੇਕਾਨੰਦ ਯੋਗ ਖੋਜ ਸੰਸਥਾਨ ਦੇ ਗੋਲਡਨ ਜੁਬਲੀ ਸਮਾਰੋਹ ਨੂੰ ਸੰਬੋਧਨ ਕੀਤਾ। ਕਿਹਾ, ਯੋਗ ਅਤੇ ਆਯੁਰਵੇਦ ਨੇ ਭਾਰਤ ਦੇ ਰਵਾਇਤੀ ਗਿਆਨ ਪ੍ਰਤੀ ਦੁਨੀਆ ਦੀ ਦਿਲਚਸਪੀ ਵਧਾਈ ਹੈ।
- ਕੇਂਦਰੀ ਮੰਤਰੀ ਗਜੇਂਦਰ ਸਿੰਘ ਸ਼ੇਖਾਵਤ ਨੇ ਕਿਹਾ, ਭਾਰਤ ਦੀ ਰਚਨਾਤਮਕ ਸਮਰੱਥਾ ਦੇਸ਼ ਦੇ ਆਰਥਿਕ ਭਵਿੱਖ ਨੂੰ ਮਜ਼ਬੂਤ ਕਰਨ 'ਚ ਮਹੱਤਵਪੂਰਨ ਭੂਮਿਕਾ ਨਿਭਾ ਸਕਦੀ ਹੈ।

- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਸੂਬੇ ਦੀ ਕਾਨੂੰਨ ਵਿਵਸਥਾ ਦੀ ਸਥਿਤੀ ਤੇ ਨਸ਼ੀਲੇ ਪਦਾਰਥਾਂ ਦੇ ਖ਼ਤਰੇ 'ਤੇ ਚਿੰਤਾ ਜ਼ਾਹਰ ਕੀਤੀ।
- ਦੇਸ਼ ਦੇ ਵੱਖ-ਵੱਖ ਹਿੱਸਿਆਂ 'ਚ ਅੱਜ ਚਾਰ ਦਿਨਾਂ ਛੱਠ ਪੂਜਾ ਤਿਉਹਾਰ ਨਹਾਏ-ਖਾਏ ਨਾਲ ਸ਼ੁਰੂ ਹੋਇਆ।
- ਤੇ ਭਾਰਤ ਤੇ ਨਿਊਜ਼ੀਲੈਂਡ ਦਰਮਿਆਨ ਚੌਥਾ ਇੱਕ ਰੋਜ਼ਾ ਅੰਤਰਰਾਸ਼ਟਰੀ ਕ੍ਰਿਕਟ ਮੈਚ ਅੱਜ ਖੇਡਿਆ ਜਾ ਰਿਹਾ ਹੈ।

ਤੇ ਹੁਣ ਖ਼ਬਰਾਂ ਵਿਸਥਾਰ ਨਾਲ।

ਰਾਸ਼ਟਰਪਤੀ ਦ੍ਰੌਪਦੀ ਮੁਰਮੂ ਨੇ ਅੱਜ ਰਾਸ਼ਟਰਪਤੀ ਭਵਨ ਵਿਖੇ ਇੱਕ ਸਮਾਰੋਹ 'ਚ ਰਾਸ਼ਟਰੀ ਖੇਡ ਪੁਰਸਕਾਰ 2025 ਪ੍ਰਦਾਨ ਕੀਤੇ। ਸਾਲ 2025 ਲਈ ਅਰਜੁਨ ਪੁਰਸਕਾਰ ਵਾਸਤੇ ਕੁੱਲ 17 ਐਥਲੀਟਾਂ ਦੀ ਚੋਣ ਕੀਤੀ ਗਈ ਸੀ। ਭਾਰਤ ਦੀ ਔਰਤਾਂ ਦੀ ਪ੍ਰਮੁੱਖ ਬੈਡਮਿੰਟਨ ਡਬਲਜ਼ ਜੋੜੀ ਤ੍ਰੀਸ਼ਾ ਜੌਲੀ ਅਤੇ ਪੁਲੇਲਾ ਗਾਇਤਰੀ ਗੋਪੀਚੰਦ ਵੱਖ-ਵੱਖ ਖੇਡਾਂ ਦੇ 15 ਹੋਰ ਖਿਡਾਰੀਆਂ ਦੇ ਨਾਲ ਸਪੋਰਟਸ ਅਤੇ ਗੇਮਜ਼ ਵਿੱਚ ਸ਼ਾਨਦਾਰ ਕਾਰਗੁਜ਼ਾਰੀ ਲਈ ਅਰਜੁਨ ਪੁਰਸਕਾਰ ਨਾਲ ਸਨਮਾਨਿਤ ਕੀਤਾ ਗਿਆ ਹੈ। ਤਜ਼ਰਬੇਕਾਰ ਭਾਰਤੀ ਫੁੱਟਬਾਲ ਖਿਡਾਰੀ ਈਸਾਯਾ ਅਰਮੈਨ ਇਲਗਾਮ ਨੂੰ ਅਰਜੁਨ ਪੁਰਸਕਾਰ ਲਾਈਫ਼ਟਾਈਮ ਪ੍ਰਦਾਨ ਕੀਤਾ ਗਿਆ

ਹੈ। ਐਥਲੈਟਿਕਸ ਕੋਚ ਪਰਮਵੀਰ ਸਿੰਘ, ਮੁੱਕੇਬਾਜ਼ੀ ਕੋਚ ਛੋਟੇ ਲਾਲ ਯਾਦਵ ਤੇ ਨਿਸ਼ਾਨੇਬਾਜ਼ੀ ਕੋਚ ਨੇਹਾ ਨੰਦ ਕੁਮਾਰ ਜਵਾਨ ਨੂੰ ਦ੍ਰੋਣਾਚਾਰੀਆ ਪੁਰਸਕਾਰ ਨਾਲ ਨਿਵਾਜਿਆ ਗਿਆ ਹੈ। ਇਸ ਦੌਰਾਨ ਆਰਮੀ ਪੈਰਾਲੰਪਿਕ ਨੋਡ ਪੁਣੇ ਨੂੰ ਰਾਸ਼ਟਰੀ ਖੇਡ ਪ੍ਰੋਤਸਾਹਨ ਪੁਰਸਕਾਰ ਪ੍ਰਦਾਨ ਕੀਤਾ ਗਿਆ ਹੈ। ਇਹ ਪੁਰਸਕਾਰ ਕਾਰਪੋਰੇਟ ਸੰਸਥਾਵਾਂ ਜਾਂ ਗੈਰ-ਸਰਕਾਰੀ ਸੰਗਠਨਾਂ ਨੂੰ ਖੇਡਾਂ ਦੇ ਪ੍ਰਚਾਰ ਤੇ ਵਿਕਾਸ ਵਿੱਚ ਉਨ੍ਹਾਂ ਦੇ ਮਹੱਤਵਪੂਰਨ ਯੋਗਦਾਨ ਲਈ ਦਿੱਤਾ ਜਾਂਦਾ ਹੈ। ਯੁਵਾ ਮਾਮਲਿਆਂ ਤੇ ਖੇਡਾਂ ਬਾਰੇ ਮੰਤਰਾਲੇ ਨੇ ਕਿਹਾ ਹੈ ਕਿ ਖੇਡਾਂ 'ਚ ਉੱਤਮਤਾ ਨੂੰ ਮਾਨਤਾ ਤੇ ਇਨਾਮ ਦੇਣ ਲਈ ਹਰ ਸਾਲ ਰਾਸ਼ਟਰੀ ਖੇਡ ਪੁਰਸਕਾਰ ਦਿੱਤੇ ਜਾਂਦੇ ਨੇ।

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਹਾ ਹੈ ਕਿ ਯੋਗ ਤੇ ਆਯੁਰਵੇਦ ਨੇ ਭਾਰਤ ਤੇ ਇਸ ਦੇ ਰਵਾਇਤੀ ਗਿਆਨ ਪ੍ਰਤੀ ਦੁਨੀਆ ਦੀ ਦਿਲਚਸਪੀ ਵਧਾਈ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਆਯੁਰਵੇਦ ਤੇ ਯੋਗ ਸਿਹਤਮੰਦ ਜੀਵਨ ਸ਼ੈਲੀ ਤੇ ਮਨੁੱਖਤਾ ਦੇ ਸੰਪੂਰਨ ਵਿਕਾਸ 'ਚ ਯੋਗਦਾਨ ਪਾ ਰਹੇ ਨੇ। ਪ੍ਰਧਾਨ ਮੰਤਰੀ ਅੱਜ ਬੰਗਲੁਰੂ ਵਿੱਚ ਸਵਾਮੀ ਵਿਵੇਕਾਨੰਦ ਯੋਗ ਖੋਜ ਸੰਸਥਾਨ ਦੇ ਗੋਲਡਨ ਜੁਬਲੀ ਸਮਾਰੋਹ ਤੇ ਲੇਖਕ ਅਤੇ ਵਿਦਵਾਨ ਐੱਚ. ਵੀ. ਸ਼ੇਸ਼ਾਦਰੀ ਦੇ ਸ਼ਤਾਬਦੀ ਸਮਾਰੋਹ ਵਿੱਚ ਬੋਲ ਰਹੇ ਸਨ। BYTE--

ਇਸ ਮੌਕੇ ਉਨ੍ਹਾਂ ਨੇ ਕੇਰਲਮ ਦੇ ਤਿਰੂਵਨੰਤਪੁਰਮ ਵਿਖੇ ਗੋਲਡਨ ਜੁਬਲੀ ਪ੍ਰਸ਼ਾਸਕੀ ਬਲਾਕ ਦਾ ਨੀਂਹ ਪੱਥਰ ਰੱਖਿਆ ਤੇ ਐੱਸ-ਵਿਆਸਾ ਆਫ਼ ਕੈਂਪਸ ਦੀ ਸ਼ੁਰੂਆਤ ਕੀਤੀ। ਉਨ੍ਹਾਂ ਇੱਕ ਵੱਡੇ ਇਕੱਠ ਨੂੰ ਵੀ ਸੰਬੋਧਨ ਕੀਤਾ। ਉਨ੍ਹਾਂ ਕਿਹਾ ਕਿ ਅੱਜ ਸਰਕਾਰ ਨੇ ਯੋਗ ਅਤੇ ਆਯੁਰਵੇਦ ਨੂੰ ਉਤਸ਼ਾਹਿਤ ਕਰਨ ਵਾਸਤੇ ਕਈ ਪਹਿਲਕਦਮੀਆਂ ਕੀਤੀਆਂ ਨੇ। BYTE ---

---

ਸਭਿਆਚਾਰ ਅਤੇ ਸੈਰ-ਸਪਾਟਾ ਮੰਤਰੀ ਗਜੇਂਦਰ ਸਿੰਘ ਸ਼ੇਖਾਵਤ ਨੇ ਕਿਹਾ ਹੈ ਕਿ ਭਾਰਤ ਦੀ ਰਚਨਾਤਮਕ ਸਮਰੱਥਾ ਦੇਸ਼ ਦੇ ਆਰਥਿਕ ਭਵਿੱਖ ਨੂੰ ਮਜ਼ਬੂਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਸਕਦੀ ਹੈ। ਉਹ ਅੱਜ ਨਵੀਂ ਦਿੱਲੀ 'ਚ ਭਾਰਤ ਦੀ ਰਚਨਾਤਮਕ ਅਰਥਵਿਵਸਥਾ ਦੇ ਇੱਕ ਕਾਨਫਰੰਸ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਦੇਸ਼ ਦੇ ਲੋਕਾਂ ਦੀ ਰਚਨਾਤਮਕ ਸ਼ਕਤੀ ਭਾਰਤ ਦੀ ਅਸਲ ਤਾਕਤ ਹੈ। ਸ਼੍ਰੀ ਸ਼ੇਖਾਵਤ ਨੇ ਕਿਹਾ ਕਿ ਭਾਰਤ ਦੀ ਸਭਿਆਚਾਰਕ ਵਿਰਾਸਤ ਇੱਕ ਜੀਵੰਤ ਤੇ ਨਿਰੰਤਰ ਰਵਾਇਤ ਹੈ ਜਿੱਥੇ ਰਚਨਾਤਮਕਤਾ ਕਿਸੇ ਇੱਕ ਦੌਰ ਜਾਂ ਖੇਤਰ ਤੱਕ ਸੀਮਿਤ ਨਹੀਂ। ਸ਼੍ਰੀ ਸ਼ੇਖਾਵਤ ਨੇ ਕਿਹਾ ਕਿ ਦੇਸ਼ ਦੀ ਰਚਨਾਤਮਕਤਾ, ਵੰਨ-ਸੁਵੰਨਤਾ ਅਤੇ ਪ੍ਰਤਿਭਾ ਵਿੱਚ ਵਿਸ਼ਵ ਅਰਥਵਿਵਸਥਾ ਵਿੱਚ ਭਾਰਤ ਦੀ ਸਥਿਤੀ ਨੂੰ ਮਜ਼ਬੂਤ ਕਰਨ ਦੀ

ਅਥਾਹ ਸੰਭਾਵਨਾ ਹੈ। ਉਨ੍ਹਾਂ ਨੇ ਭਾਰਤ ਦੀਆਂ ਸਭਿਆਚਾਰਕ ਤੇ ਰਚਨਾਤਮਕ ਸ਼ਕਤੀਆਂ ਨੂੰ ਆਰਥਿਕ ਫਾਇਦੇ ਵਜੋਂ ਮਾਨਤਾ ਦੇਣ ਤੇ ਖ਼ੁਸ਼ਹਾਲੀ ਵੱਲ ਦੇਸ਼ ਦੀ ਯਾਤਰਾ ਨੂੰ ਤੇਜ਼ ਕਰਨ ਲਈ ਉਨ੍ਹਾਂ ਦੀ ਪੂਰੀ ਵਰਤੋਂ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ। BYTE

ਇਹ ਖ਼ਬਰਾਂ ਤੁਸੀਂ ਆਕਾਸ਼ਵਾਣੀ ਤੋਂ ਸੁਣ ਰਹੇ ਹੋ। ਸਾਡਾ ਐਕਸ ਹੈਂਡਲ ਹੈ @airnews_jalandhar, ਸਾਡਾ ਫੇਸਬੁੱਕ ਪੇਜ ਹੈ RNU-AIR Jalandhar ਅਤੇ ਯੂਟਿਊਬ 'ਤੇ ਸਾਡਾ ਚੈਨਲ ਹੈ @AIRJalandhar।

ਰੇਲਵੇ ਸੂਚਨਾ ਅਤੇ ਪ੍ਰਸਾਰਣ ਮੰਤਰੀ ਅਸ਼ਵਨੀ ਵੈਸ਼ਨਵ ਨੇ ਕੋਂਕਣ ਖੇਤਰ ਤੇ ਕਰਨਾਟਕ ਵਿੱਚ ਰੇਲਵੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਵਾਸਤੇ ਕੇਂਦਰ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਇਆ ਹੈ। ਆਕਾਸ਼ਵਾਣੀ ਉਡੁਪੀ ਵਿਖੇ ਇੱਕ ਨਵੇਂ ਇੱਕ ਕਿਲੋਵਾਟ ਸਮਰੱਥਾ ਵਾਲੇ ਐੱਫ. ਐੱਮ. ਟ੍ਰਾਂਸਮੀਟਰ ਦਾ ਉਦਘਾਟਨ ਕਰਨ ਤੋਂ ਬਾਅਦ ਉਨ੍ਹਾਂ ਕਿਹਾ ਕਿ ਉਡੁਪੀ 'ਚ ਐੱਫ. ਐੱਮ. ਟ੍ਰਾਂਸਮੀਟਰ ਦਾ ਉਦਘਾਟਨ ਜ਼ਿਲ੍ਹੇ 'ਚ ਜਨਤਕ ਪ੍ਰਸਾਰਣ ਸੇਵਾਵਾਂ ਦੇ ਵਿਸਥਾਰ ਵੱਲ ਇੱਕ ਮਹੱਤਵਪੂਰਨ

ਕਦਮ ਹੈ। ਸ਼੍ਰੀ ਵੈਸ਼ਨਵ ਨੇ ਕਿਹਾ ਕਿ ਪੂਰੀ ਕੋਂਕਣ ਰੇਲਵੇ ਲਾਈਨ ਨੂੰ ਦੁੱਗਣਾ ਕਰਨਾ ਸਰਕਾਰ ਲਈ ਇੱਕ ਤਰਜੀਹ ਹੈ ਤੇ ਇਸ ਨੂੰ ਪੜਾਅਵਾਰ ਪੂਰਾ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਸਾਹਿਲੀ ਖੇਤਰ ਦੇ ਵਿਕਾਸ ਲਈ ਜ਼ਰੂਰੀ ਬੁਨਿਆਦੀ ਢਾਂਚੇ ਦੇ ਪ੍ਰੋਜੈਕਟਾਂ ਨੂੰ ਲਗਾਤਾਰ ਮਨਜ਼ੂਰੀ ਦੇ ਰਹੇ ਨੇ। ਉਨ੍ਹਾਂ ਕਿਹਾ ਕਿ ਪੂਰੇ ਖੇਤਰ ਵਾਸਤੇ ਇੱਕ ਵਿਆਪਕ ਕਾਰਜ ਯੋਜਨਾ ਤਿਆਰ ਕੀਤੀ ਜਾਵੇਗੀ।

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਸੂਬੇ ਦੀ ਕਾਨੂੰਨ ਵਿਵਸਥਾ ਦੀ ਸਥਿਤੀ ਤੇ ਚਿੰਤਾ ਜ਼ਾਹਰ ਕੀਤੀ ਹੈ। ਉਨ੍ਹਾਂ ਨੇ ਲਗਾਤਾਰ ਵਧ ਰਹੀਆਂ ਅਪਰਾਧ ਤੇ ਗੋਲੀਬਾਰੀ ਦੀਆਂ ਘਟਨਾਵਾਂ ਦੇ ਮੱਦੇਨਜ਼ਰ ਕਾਨੂੰਨ ਵਿਵਸਥਾ ਨੂੰ ਤਸੱਲੀਬਖ਼ਸ਼ ਨਹੀਂ ਦੱਸਿਆ। ਬੀਤੀ ਸ਼ਾਮ ਲੁਧਿਆਣਾ 'ਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਨੇ ਸੂਬੇ 'ਚ ਹਥਿਆਰ ਚੁੱਕਣ ਦੇ ਵਧ ਰਹੇ ਰੁਝਾਨ ਤੇ ਨਸ਼ੀਲੇ ਪਦਾਰਥਾਂ ਦੇ ਖ਼ਤਰੇ 'ਤੇ ਚਿੰਤਾ ਪ੍ਰਗਟ ਕੀਤੀ। ਉਨ੍ਹਾਂ ਕਿਹਾ ਕਿ ਸੂਬੇ 'ਚ ਗੋਲੀਆਂ ਪਟਾਕਿਆਂ ਵਾਂਗ ਚਲਾਈਆਂ ਜਾ ਰਹੀਆਂ ਨੇ। ਉਨ੍ਹਾਂ ਦੁੱਖ ਪ੍ਰਗਟ ਕੀਤਾ ਕਿ ਛੋਟੇ ਬੱਚੇ ਵੀ ਛੋਟੀਆਂ-ਛੋਟੀਆਂ ਗੱਲਾਂ 'ਤੇ ਹਥਿਆਰ ਚੁੱਕ ਰਹੇ ਨੇ। ਉਨ੍ਹਾਂ

ਕਿਹਾ ਕਿ ਇਹ ਰੁਝਾਨ ਸਮਾਜ ਵਾਸਤੇ ਗੰਭੀਰ ਚਿੰਤਾ ਦਾ ਵਿਸ਼ਾ ਹੈ।
BYTE-----

ਸੂਬੇ ਵਿੱਚ ਨਸ਼ੀਲੇ ਪਦਾਰਥਾਂ ਦੇ ਖ਼ਤਰੇ 'ਤੇ ਰਾਜਪਾਲ ਨੇ ਕਿਹਾ ਕਿ ਨਸ਼ਾ ਪੰਜਾਬ ਨੂੰ ਕਮਜ਼ੋਰ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਸਮੱਸਿਆ ਨਾਲ ਨਜਿੱਠਣਾ ਇਕੱਲੇ ਸਰਕਾਰ 'ਤੇ ਨਹੀਂ ਛੱਡਿਆ ਜਾ ਸਕਦਾ ਕਿਉਂਕਿ ਇਸ ਲਈ ਸਮਾਜ ਦੇ ਸਾਰੇ ਵਰਗਾਂ ਦੇ ਸਮੂਹਿਕ ਉਪਰਾਲਿਆਂ ਦੀ ਜ਼ਰੂਰਤ ਹੈ। ਉਨ੍ਹਾਂ ਉਮੀਦ ਜ਼ਾਹਰ ਕੀਤੀ ਕਿ ਮੌਜੂਦਾ ਤੇ ਆਉਣ ਵਾਲੀ ਪੀੜ੍ਹੀ ਨੂੰ ਇਸ ਖ਼ਤਰੇ ਤੋਂ ਬਚਾਉਣ ਵਾਸਤੇ ਇਕੱਠੇ ਹੋ ਕੇ ਨਸ਼ਿਆਂ ਦੀ ਚੁਣੌਤੀ ਦਾ ਮੁਕਾਬਲਾ ਕੀਤਾ ਜਾ ਸਕਦਾ ਹੈ।

ਪੰਜਾਬ 'ਚ ਆਉਂਦੀਆਂ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਸੂਬੇ 'ਚ ਚੋਣਾਂ ਦੇ ਸ਼ਾਂਤੀਪੂਰਨ ਤੇ ਨਿਰਪੱਖ ਸੰਚਾਲਨ ਨੂੰ ਯਕੀਨੀ ਬਣਾਉਣ ਲਈ ਪੁਲਿਸ, ਅਰਧ ਸੈਨਿਕ ਬਲਾਂ ਤੇ ਪ੍ਰਸ਼ਾਸਨਿਕ ਅਧਿਕਾਰੀਆਂ ਦੀਆਂ ਉੱਚ ਪੱਧਰੀ ਅੰਤਰ-ਰਾਜੀ ਤੇ ਅੰਤਰ-ਜ਼ਿਲ੍ਹਾ ਤਾਲਮੇਲ ਮੀਟਿੰਗਾਂ ਕੀਤੀਆਂ ਗਈਆਂ ਨੇ। ਪਠਾਨਕੋਟ ਵਿੱਚ ਬਾਰਡਰ ਰੇਂਜ ਦੇ ਇੰਸਪੈਕਟਰ ਜਨਰਲ ਗੋਪੀ ਸਿੰਘ ਭੁੱਲਰ ਨੇ ਪੰਜਾਬ ਨਾਲ ਲੱਗਦੇ ਜੰਮੂ ਕਸ਼ਮੀਰ ਤੇ ਹਿਮਾਚਲ ਪ੍ਰਦੇਸ਼ ਦੇ ਖੇਤਰਾਂ ਦੇ ਵੱਖ-ਵੱਖ ਸੂਬਿਆਂ ਦੇ ਜ਼ਿਲ੍ਹਿਆਂ ਅਤੇ ਕੇਂਦਰੀ

ਏਜੰਸੀਆਂ ਦੇ ਪੁਲਿਸ ਅਧਿਕਾਰੀਆਂ ਨਾਲ ਮੀਟਿੰਗ ਕੀਤੀ। ਅੰਤਰ-ਰਾਜੀ ਸਰਹੱਦਾਂ ਨੂੰ ਰੋਕਣ, ਅਪਰਾਧਿਕ ਤੱਤਾਂ ਦੀ ਆਵਾਜਾਈ ਨੂੰ ਰੋਕਣ, ਸ਼ਰਾਬ ਤੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਅਤੇ ਭਗੌੜੇ ਅਪਰਾਧੀਆਂ ਤੇ ਅਪਰਾਧਿਕ ਪਿਛੋਕੜ ਰੱਖਣ ਵਾਲਿਆਂ ਖ਼ਿਲਾਫ਼ ਸਖ਼ਤ ਕਾਰਵਾਈ ਕਰਨ ਦੀਆਂ ਵਿਸਥਾਰ ਨਾਲ ਯੋਜਨਾਵਾਂ 'ਤੇ ਚਰਚਾ ਕੀਤੀ ਗਈ। BYTE ----

---

ਇਸੇ ਤਰ੍ਹਾਂ ਕੱਲ੍ਹ ਹੁਸ਼ਿਆਰਪੁਰ ਵਿਖੇ ਡੀ. ਆਈ. ਜੀ. ਜਲੰਧਰ ਰੇਂਜ ਨਵੀਨ ਸਿੰਗਲਾ ਦੀ ਇੱਕ ਮੀਟਿੰਗ ਵੀ ਹੋਈ। ਜਲੰਧਰ, ਹੁਸ਼ਿਆਰਪੁਰ ਤੇ ਕਪੂਰਥਲਾ ਦੇ ਸੀਨੀਅਰ ਪੁਲਿਸ ਸੁਪਰਡੈਂਟ ਤੇ ਹਿਮਾਚਲ ਪ੍ਰਦੇਸ਼ ਦੇ ਹੁਸ਼ਿਆਰਪੁਰ ਨਾਲ ਸਰਹੱਦ ਸਾਂਝੀ ਕਰਨ ਵਾਲੇ ਜ਼ਿਲ੍ਹਿਆਂ ਦੇ ਪੁਲਿਸ ਅਧਿਕਾਰੀਆਂ ਨੇ ਵੀ ਮੀਟਿੰਗ ਵਿੱਚ ਸ਼ਿਰਕਤ ਕੀਤੀ।

ਦੇਸ਼ ਦੇ ਵੱਖੋ-ਵੱਖ ਹਿੱਸਿਆਂ ਵਿੱਚ ਅੱਜ ਚਾਰ ਦਿਨਾਂ ਛੱਠ ਪੂਜਾ ਤਿਉਹਾਰ ਨਹਾਏ-ਖਾਏ ਨਾਲ ਸ਼ੁਰੂ ਹੋਇਆ। ਇਹ ਤਿਉਹਾਰ ਸੂਰਜ ਦੇਵਤਾ ਤੇ ਛੱਠੀ ਮਈਆ ਨੂੰ ਸਮਰਪਿਤ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਇਸ ਮੌਕੇ ਦੇਸ਼ ਵਾਸੀਆਂ ਨੂੰ ਵਧਾਈ ਦਿੱਤੀ ਹੈ। ਇਸੇ ਦੌਰਾਨ ਉੱਤਰੀ ਰੇਲਵੇ ਪੰਜਾਬ ਤੇ ਦਿੱਲੀ ਤੋਂ ਛੱਠ ਦਾ ਤਿਉਹਾਰ ਮਨਾਉਣ ਲਈ ਜਾਣ ਵਾਲੇ ਮੁਸਾਫ਼ਰਾਂ ਵਾਸਤੇ ਵਿਸ਼ੇਸ਼ ਰੇਲ ਗੱਡੀਆਂ ਚਲਾ ਰਿਹਾ ਹੈ।

ਕ੍ਰਿਕਟ ਵਿੱਚ ਅੱਜ ਭਾਰਤ ਤੇ ਨਿਊਜ਼ੀਲੈਂਡ ਦਰਮਿਆਨ ਚੌਥਾ ਇੱਕ ਰੋਜ਼ਾ ਅੰਤਰਰਾਸ਼ਟਰੀ ਮੈਚ ਖੇਡਿਆ ਜਾ ਰਿਹਾ ਹੈ। ਆਖ਼ਰੀ ਖ਼ਬਰਾਂ ਮਿਲਣ ਤੱਕ ਭਾਰਤ ਨੇ 24 ਓਵਰਾਂ ਵਿੱਚ ਨੌਂ ਵਿਕਟਾਂ ਦੇ ਨੁਕਸਾਨ 'ਤੇ 83 ਦੌੜਾਂ ਬਣਾਈਆਂ ਸਨ।

ਤੇ ਆਖ਼ਰ 'ਚ ਖ਼ਾਸ ਖ਼ਬਰਾਂ ਇੱਕ ਵਾਰ ਫਿਰ ਤੋਂ:

- ਰਾਸ਼ਟਰਪਤੀ ਦ੍ਰੌਪਦੀ ਮੁਰਮੂ ਨੇ ਅੱਜ ਰਾਸ਼ਟਰਪਤੀ ਭਵਨ ਵਿਖੇ ਰਾਸ਼ਟਰੀ ਖੇਡ ਪੁਰਸਕਾਰ 2025 ਪ੍ਰਦਾਨ ਕੀਤੇ।

- ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅੱਜ ਬੰਗਲੁਰੂ 'ਚ ਸਵਾਮੀ ਵਿਵੇਕਾਨੰਦ ਯੋਗ ਖੋਜ ਸੰਸਥਾਨ ਦੇ ਗੋਲਡਨ ਜੁਬਲੀ ਸਮਾਰੋਹ ਨੂੰ ਸੰਬੋਧਨ ਕੀਤਾ।

- ਕੇਂਦਰੀ ਮੰਤਰੀ ਗਜੇਂਦਰ ਸਿੰਘ ਸ਼ੇਖਾਵਤ ਨੇ ਕਿਹਾ, ਭਾਰਤ ਦੀ ਰਚਨਾਤਮਕ ਸਮਰੱਥਾ ਦੇਸ਼ ਦੇ ਆਰਥਿਕ ਭਵਿੱਖ ਨੂੰ ਮਜ਼ਬੂਤ ਕਰਨ 'ਚ ਮਹੱਤਵਪੂਰਨ ਭੂਮਿਕਾ ਨਿਭਾ ਸਕਦੀ ਹੈ।

- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਸੂਬੇ ਦੀ ਕਾਨੂੰਨ ਵਿਵਸਥਾ ਦੀ ਸਥਿਤੀ ਤੇ ਨਸ਼ੀਲੇ ਪਦਾਰਥਾਂ ਦੇ ਖ਼ਤਰੇ 'ਤੇ ਚਿੰਤਾ ਪ੍ਰਗਟ ਕੀਤੀ।

- ਦੇਸ਼ ਦੇ ਵੱਖ-ਵੱਖ ਹਿੱਸਿਆਂ 'ਚ ਅੱਜ ਚਾਰ ਦਿਨਾਂ ਛੱਠ ਪੂਜਾ ਤਿਉਹਾਰ ਨਹਾਏ-ਖਾਏ ਨਾਲ ਸ਼ੁਰੂ ਹੋਇਆ।

ਇਸ ਦੇ ਨਾਲ ਹੀ ਰਾਸ਼ਟਰੀ ਖ਼ਬਰਾਂ ਦਾ ਇਹ ਬੁਲੇਟਿਨ ਖ਼ਤਮ ਹੁੰਦਾ ਹੈ। ਪ੍ਰਦੇਸ਼ਕ ਖ਼ਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ ਸ਼ਾਮ 6 ਵੱਜ ਕੇ 20 ਮਿੰਟ ਤੇ

ਨਮਸਕਾਰ